# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :03-03-2026**

- ਵਿਦੇਸ਼ ਮੰਤਰਾਲੇ ਦਾ ਕਹਿਣਾ ਏ ਕਿ ਖਾੜੀ ਖੇਤਰ ਵਿੱਚ ਰਹਿੰਦੇ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਅਤੇ ਸਲਾਮਤੀ ਸਭ ਤੋਂ ਵੱਡੀ ਤਰਜੀਹ ਏ.
- ਈਰਾਨ ਵਿੱਚ ਭਾਰਤੀ ਦੂਤਘਰ ਨੇ ਤਹਿਰਾਨ ਵਿੱਚ ਰਹਿੰਦੇ ਜ਼ਿਆਦਾਤਰ ਭਾਰਤੀ ਵਿਦਿਆਰਥੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਤਬਦੀਲ ਕਰ ਦਿੱਤਾ ਏ।
- ਪੰਜਾਬ ਦਾ ਟੈਕਸ ਮਾਲੀਆ 57, ਹਜ਼ਾਰ 919 ਕਰੋੜ ਰੁਪਏ ਦੇ ਪ੍ਰਭਾਵਸ਼ਾਲੀ ਵਾਧੇ ਨਾਲ 2024-25 ਵਿੱਚ ਕੁੱਲ ਰਾਜ ਘਰੇਲੂ ਉਤਪਾਦ ਦਾ 7.15 ਫੀਸਦੀ ਹੋਇਆ.
- ਪੰਜਾਬ ਸਰਕਾਰ ਨੇ ਜਾਅਲੀ ਜਾਂ ਮ੍ਰਿਤਕ ਬੁਢਾਪਾ ਪੈਨਸ਼ਨਰਾਂ ਦੇ ਖਾਤਿਆਂ ਵਿੱਚੋਂ 170 ਕਰੋੜ ਰੁਪਏ ਦੀ ਰਿਕਵਰੀ ਕੀਤੀ.

- ਪੰਜਾਬ ਦੇ ਸਿਹਤ ਮੰਤਰੀ ਦਾ ਕਹਿਣਾ ਏ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹਇਆ ਕਰਾਉਣ ਲਈ ਵਚਨਬਧ.

------------------------------------------------------

ਭਾਰਤ ਨੇ ਅੱਜ ਪੱਛਮੀ ਏਸ਼ੀਆਈ ਖੇਤਰ ਵਿੱਚ ਚੱਲ ਰਹੇ ਟਕਰਾਅ ਵਿੱਚ ਗੱਲਬਾਤ ਅਤੇ ਕੂਟਨੀਤੀ ਦੇ ਆਪਣੇ ਸੱਦੇ ਨੂੰ ਜ਼ੋਰਦਾਰ ਢੰਗ ਨਾਲ ਦੁਹਰਾਇਆ ਏ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਭਾਰਤ ਟਕਰਾਅ ਦੇ ਜਲਦੀ ਅੰਤ ਦੇ ਹੱਕ ਵਿੱਚ ਆਪਣੀ ਆਵਾਜ਼ ਸਪੱਸ਼ਟ ਤੌਰ 'ਤੇ ਉਠਾ ਰਿਹਾ ਏ। ਉਨ੍ਹਾਂ ਨੇ ਅਫ਼ਸੋਸਜਨਕ ਤੌਰ 'ਤੇ ਬਹੁਤ ਸਾਰੀਆਂ ਜਾਨਾਂ ਜਾਣ 'ਤੇ ਦੁੱਖ ਪ੍ਰਗਟ ਕੀਤਾ ਏ। ਬੁਲਾਰੇ ਨੇ ਜ਼ੋਰ ਦੇ ਕੇ ਕਿਹਾ ਕਿ ਲਗਭਗ ਇੱਕ ਕਰੋੜ ਭਾਰਤੀ ਨਾਗਰਿਕ ਨੇ ਜੋ ਖਾੜੀ ਖੇਤਰ ਵਿੱਚ ਰਹਿੰਦੇ ਨੇ ਅਤੇ ਕੰਮ ਕਰਦੇ ਨੇ ਤੇ ਉਨ੍ਹਾਂ ਦੀ ਸੁਰੱਖਿਆ ਅਤੇ ਸਲਾਮਤੀ ਸਭ ਤੋਂ ਵੱਡੀ ਤਰਜੀਹ ਏ। ਉਨ੍ਹਾਂ ਕਿਹਾ ਕਿ ਭਾਰਤ ਕਿਸੇ ਵੀ ਗਤੀਵਿਧੀ ਤੋਂ ਅਵੇਸਲਾ ਨਹੀਂ ਹੋ ਸਕਦਾ ਜੋ ਉਨ੍ਹਾਂ ਨੂੰ ਨਕਾਰਾਤਮਕ ਤੌਰ 'ਤੇ ਪ੍ਰਭਾਵਿਤ ਕਰਦਾ ਏ। ਓਹਨਾਂ ਕਿਹਾ ਕਿ ਇੱਕ ਦੇਸ਼ ਜਿਸਦੇ ਨਾਗਰਿਕ ਵਿਸ਼ਵਵਿਆਪੀ ਕਾਰਜਬਲ ਵਿੱਚ ਪ੍ਰਮੁੱਖ ਨੇ, ਦੇ ਰੂਪ ਵਿੱਚ ਭਾਰਤ ਵਪਾਰਕ ਜਹਾਜ਼ਾਂ 'ਤੇ ਹਮਲਿਆਂ ਦਾ ਵੀ ਸਖ਼ਤ ਵਿਰੋਧ ਕਰਦਾ ਏ। ਬੁਲਾਰੇ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਵਿੱਚ

ਅਜਿਹੇ ਹਮਲਿਆਂ ਦੇ ਨਤੀਜੇ ਵਜੋਂ ਕੁਝ ਭਾਰਤੀ ਨਾਗਰਿਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ ਨੇ ਜਾਂ ਲਾਪਤਾ ਨੇ. ਪ੍ਰਭਾਵਿਤ ਦੇਸ਼ਾਂ ਵਿੱਚ ਭਾਰਤੀ ਦੂਤਘਰਅਤੇ ਕੌਂਸਲਖਾਨੇ ਭਾਰਤੀ ਨਾਗਰਿਕਾਂ ਅਤੇ ਭਾਈਚਾਰਕ ਸੰਗਠਨਾਂ ਨਾਲ ਨੇੜਲੇ ਸੰਪਰਕ ਵਿੱਚ ਨੇ ਤੇ, ਨਿਯਮਤ ਤੌਰ 'ਤੇ ਸਲਾਹ ਜਾਰੀ ਕਰ ਰਹੇ ਨੇ. ਉਨ੍ਹਾਂ ਨੇ ਟਕਰਾਅ ਵਿੱਚ ਫਸੇ ਲੋਕਾਂ ਨੂੰ ਹਰ ਸੰਭਵ ਮਦਦ ਵੀ ਦਿੱਤੀ ਏ।ਬੁਲਾਰੇ ਨੇ ਭਰੋਸਾ ਦਿੱਤਾ ਕਿ ਭਾਰਤ ਇਸ ਖੇਤਰ ਦੀਆਂ ਸਰਕਾਰਾਂ ਦੇ ਨਾਲ-ਨਾਲ ਹੋਰ ਮੁੱਖ ਭਾਈਵਾਲਾਂ ਦੇ ਸੰਪਰਕ ਵਿੱਚ ਏ । ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰੀ ਨੇ ਆਪਣੇ ਹਮਰੁਤਬਾ ਨਾਲ ਵਿਚਾਰ-ਵਟਾਂਦਰਾ ਕੀਤਾ ਏ । ਉਨ੍ਹਾਂ ਕਿਹਾ ਕਿ ਸਰਕਾਰ ਉੱਭਰ ਰਹੀ ਸਥਿਤੀ 'ਤੇ ਨੇੜਿਓਂ ਨਜ਼ਰ ਰਖਣਾ ਜਾਰੀ ਰਖੇਗੀ ਅਤੇ ਰਾਸ਼ਟਰੀ ਹਿੱਤ ਵਿੱਚ ਸੰਬੰਧਿਤ ਫੈਸਲੇ ਲਵੇਗੀ।

-------------------------------------------------------------

ਤਹਿਰਾਨ ਸ਼ਹਿਰ ਵਿੱਚ ਵਧੇ ਹੋਏ ਜੋਖਮ ਕਾਰਨ, ਇੱਕ ਸਲਾਹ ਵਿੱਚ, ਦੂਤਘਰ ਨੇ ਕਿਹਾ ਏ ਕਿ ਉਸਨੇ ਉਨ੍ਹਾਂ ਦੀ ਆਵਾਜਾਈ, ਭੋਜਨ ਅਤੇ ਰਿਹਾਇਸ਼ ਦਾ ਪ੍ਰਬੰਧ ਕੀਤਾ ਏ । ਇਸ ਵਿੱਚ ਇਹ ਵੀ ਦੱਸਿਆ ਏ ਕਿ ਦੂਤਘਰ ਦੀ ਪੇਸ਼ਕਸ਼ ਨੂੰ ਠੁਕਰਾਉਣ ਵਾਲੇ ਬਹੁਤ ਘੱਟ ਵਿਦਿਆਰਥੀ ਹੀ ਤਹਿਰਾਨ ਵਿੱਚ ਰਹਿ ਰਹੇ ਨੇ. ਦੂਤਘਰ ਨੇ ਹੋਰਨਾਂ ਭਾਰਤੀ ਵਿਦਿਆਰਥੀਆਂ ਅਤੇ ਭਾਰਤੀ ਨਾਗਰਿਕਾਂ ਜੋ ਅਜੇ ਵੀ ਈਰਾਨ

ਵਿੱਚ ਰਹਿ ਰਹੇ ਨੇ, ਨੂੰ ਜਿੱਥੇ ਉਹ ਨੇ - ਉੱਥੇ ਹੀ ਰਹਿਣ, ਜਿੰਨਾ ਸੰਭਵ ਹੋ ਸਕੇ ਘਰ ਦੇ ਅੰਦਰ ਰਹਿਣ ਅਤੇ ਖਿੜਕੀਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਏ। ਉਨ੍ਹਾਂ ਨੂੰ ਹਰ ਸਮੇਂ ਸਾਵਧਾਨੀ ਵਰਤਣ ਅਤੇ ਵਿਰੋਧ ਮੁਜ਼ਾਹਰਿਆਂ ਵਾਲੇ ਖੇਤਰਾਂ ਤੋਂ ਬਚਣ ਲਈ ਕਿਹਾ ਗਿਆ ਏ।

-----------------------------------------------------------

ਪੱਛਮੀ ਏਸ਼ੀਆ ਵਿੱਚ ਚੱਲ ਰਹੀ ਸਥਿਤੀ ਦਰਮਿਆਨ, ਏਅਰ ਇੰਡੀਆ ਦੀ ਪਹਿਲੀ ਉਡਾਣ ਅੱਜ ਦੁਬਈ ਤੋਂ ਨਵੀਂ ਦਿੱਲੀ ਪਹੁੰਚੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਏਅਰ ਇੰਡੀਆ ਨੇ ਕਿਹਾ ਕਿ ਉਡਾਣ ਵਿੱਚ 149 ਯਾਤਰੀ ਅਤੇ ਚਾਲਕ ਦਲ ਦੇ 8 ਮੈਂਬਰ ਸਵਾਰ ਸਨ। ਏਅਰ ਇੰਡੀਆ ਨੇ ਕੇਂਦਰ ਸਰਕਾਰ, ਸਿਵਿਲ ਹਵਾਬਾਜ਼ੀ ਬਾਰੇ ਡਾਇਰੈਕਟੋਰੇਟ ਜਨਰਲ (ਡੀਜੀਸੀਏ) ਅਤੇ ਦੁਬਈ ਦੇ ਸਥਾਨਕ ਅਧਿਕਾਰੀਆਂ ਦਾ ਉਨ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ।

-----------------------------------------------------------

ਇਸ ਦੌਰਾਨ, ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਕਿਹਾ ਏ ਕਿ ਮੰਤਰਾਲੇ ਅਧੀਨ ਯਾਤਰੀ ਸਹਾਇਤਾ ਕੰਟਰੋਲ ਰੂਮ (PACR) ਪੱਛਮੀ ਏਸ਼ੀਆ ਵਿੱਚ ਚੱਲ ਰਹੀਆਂ ਗਤੀਵਿਧੀਆਂ ਦੇ ਮੱਦੇਨਜ਼ਰ ਹਵਾਈ ਯਾਤਰੀਆਂ ਦੀਆਂ ਸ਼ਿਕਾਇਤਾਂ ਅਤੇ ਸਵਾਲਾਂ ਨੂੰ ਸਰਗਰਮੀ ਨਾਲ ਹੱਲ ਕਰ ਰਿਹਾ ਏ। ਇਸ ਨੇ ਅੱਗੇ ਸਲਾਹ ਦਿੱਤੀ ਏ ਕਿ ਯਾਤਰੀ, ਮੰਤਰਾਲੇ ਦੇ ਅਧਿਕਾਰਤ

ਸੋਸ਼ਲ ਮੀਡੀਆ ਪਲੇਟਫਾਰਮ, ਏਅਰਸੇਵਾ ਪੋਰਟਲ, ਜਾਂ ਹੈਲਪਲਾਈਨ ਨੰਬਰ 0-112-460-42-83 ਅਤੇ 0-112-463-29-87 'ਤੇ ਸੰਪਰਕ ਕਰਕੇ ਸਹਾਇਤਾ ਲਈ ਸੰਪਰਕ ਕਰ ਸਕਦੇ ਨੇ.

-----------------------------------------------------------

ਪੰਜਾਬ ਸਰਕਾਰ ਨੇ ਅਮਰੀਕਾ-ਇਜ਼ਰਾਈਲ-ਈਰਾਨ ਦੇ ਚੱਲ ਰਹੇ ਟਕਰਾਅ ਕਾਰਨ ਮੱਧ ਏਸ਼ੀਆ ਅਤੇ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ ਦੀ ਸਹਾਇਤਾ ਲਈ 24 ਘੰਟੇ ਚਲਣ ਵਾਲੀ ਹੈਲਪਲਾਈਨ ਸ਼ੁਰੂ ਕੀਤੀ ਏ। ਇਹ ਹੈਲਪਲਾਈਨ ਸੇਵਾ ਮਾਰਗਦਰਸ਼ਨ, ਜਾਣਕਾਰੀ ਇਕੱਠੀ ਕਰਨ ਅਤੇ ਸਬੰਧਤ ਅਧਿਕਾਰੀਆਂ ਨਾਲ ਲੋਕਾਂ ਨੂੰ ਸੁਰਖਿਅਤ ਕਢਣ ਅਤੇ ਸਹਾਇਤਾ ਲਈ ਤਾਲਮੇਲ ਪ੍ਰਦਾਨ ਕਰੇਗੀ।

ਚੰਡੀਗੜ੍ਹ ਸਥਿਤ ਇਸ ਹੈਲਪਲਾਈਨ ਦੇ ਨੰਬਰ ਨੇ:

0-17-222-60-042,

ਤੇ

0-17-222-60-0-43

ਨੰਬਰ ਇੱਕ ਵਾਰ ਫਿਰ ਸੁਣ ਲਓ

0-17-222-60-042,

ਤੇ

0-17-222-60-0-43

ਇਹ ਨੰਬਰ ਵਿਦੇਸ਼ਾਂ ਤੋਂ ਡਾਇਲ ਕੀਤੇ ਜਾ ਸਕਦੇ ਨੇ. ਤੁਰੰਤ ਸਹਾਇਤਾ ਅਤੇ ਤਾਲਮੇਲ ਲੈਣ ਲਈ ਭਾਰਤ ਦੇ ਅੰਦਰੋਂ ਚਾਰ-ਅੰਕਾਂ ਵਾਲਾ ਹੈਲਪਲਾਈਨ ਨੰਬਰ - 1100 - ਡਾਇਲ ਕੀਤਾ ਜਾ ਸਕਦਾ ਏ।

-----------------------------------------------------------

ਪੰਜਾਬ ਦੇ ਖਜ਼ਾਨਾ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਦਾ ਕਹਿਣਾ ਏ ਕਿ ਸੂਬੇ ਦਾ ਆਪਣਾ ਟੈਕਸ ਮਾਲੀਆ 57, ਹਜ਼ਾਰ 919 ਕਰੋੜ ਰੁਪਏ ਦੇ ਪ੍ਰਭਾਵਸ਼ਾਲੀ ਵਾਧੇ ਨਾਲ 2024-25 ਵਿੱਚ ਕੁੱਲ ਰਾਜ ਘਰੇਲੂ ਉਤਪਾਦ ਦਾ 7.15 ਫੀਸਦੀ ਬਣਦਾ ਏ, ਜੋ ਕਿ 2021-22 ਵਿੱਚ 6.39 ਫੀਸਦੀ ਸੀ। ਅੱਜ ਚੰਡੀਗੜ੍ਹ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ ਆਬਕਾਰੀ ਮਾਲੀਆ ਵੀ ਚਾਰ ਸਾਲਾਂ ਤੋਂ ਵੀ ਘੱਟ ਸਮੇਂ ਵਿੱਚ ਵਧਿਆ ਏ ਅਤੇ GST ਉਗਰਾਹੀ ਵਿੱਚ ਵੀ ਇਸੇ ਤਰ੍ਹਾਂ ਦੀ ਸਫਲਤਾ ਦਰਜ ਕੀਤੀ ਗਈ ਏ। ਲੰਮੇ ਸਮੇਂ ਦੇ ਮਾਲੀ ਸੁਰੱਖਿਆ ਉਪਾਵਾਂ ਦੀ ਰੂਪਰੇਖਾ ਦੱਸਦਿਆਂ, ਸ਼੍ਰੀ ਚੀਮਾ ਨੇ ਕਿਹਾ ਕਿ ਰਾਜ ਸਰਕਾਰ ਨੇ RBI ਕੋਲ ਰੱਖੇ ਗਏ ਕੁਝ ਫੰਡਾਂ ਵਿੱਚ ਕਾਫ਼ੀ ਨਿਵੇਸ਼ ਕੀਤਾ ਏ। ਖਜ਼ਾਨਾ ਕਾਰਜਾਂ ਵਿੱਚ ਪਾਰਦਰਸ਼ਿਤਾ ਅਤੇ ਕੁਸ਼ਲਤਾ ਵਧਾਉਣ ਦੇ ਉਦੇਸ਼ ਨਾਲ ਡਿਜੀਟਲ ਅਤੇ ਪ੍ਰਸ਼ਾਸਕੀ ਸੁਧਾਰਾਂ ਨੂੰ ਉਜਾਗਰ ਕਰਦੇ ਹੋਏ, ਖਜ਼ਾਨਾ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਵਿਭਾਗ ਨੇ ਪੂਰੀ ਪੈਨਸ਼ਨ ਵੰਡ ਪ੍ਰਣਾਲੀ ਨੂੰ ਡਿਜੀਟਾਈਜ਼ ਕਰਨ ਲਈ 'ਪੈਨਸ਼ਨ

ਸੇਵਾ ਪੋਰਟਲ' ਸ਼ੁਰੂ ਕੀਤਾ ਏ ਅਤੇ ਬੈਂਕਿੰਗ ਧੋਖਾਧੜੀ ਨਾਲ ਨਜਿੱਠਣ ਅਤੇ ਪਾਰਦਰਸ਼ਿਤਾ ਵਧਾਉਣ ਲਈ 'ਈ-ਡਿਪਾਜ਼ਿਟ ਪ੍ਰਬੰਧਨ ਪ੍ਰਣਾਲੀ' ਲਾਗੂ ਕੀਤੀ ਏ। ਉਨ੍ਹਾਂ ਕਿਹਾ ਕਿ ਸੂਬੇ ਨੇ ਕੇਂਦਰ ਸਰਕਾਰ ਦੀ SNA-SPARSH ਪਹਿਲਕਦਮੀ ਰਾਹੀਂ ਸਕੀਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਡਿਜੀਟਾਈਜ਼ ਕਰਨ ਲਈ 800 ਕਰੋੜ ਰੁਪਏ ਤੋਂ ਵਧ ਦੀ ਪ੍ਰੋਤਸਾਹਨ ਰਕਮ, ਜੋ ਕੇਂਦਰ ਦੀ ਹਮਾਇਤ ਪ੍ਰਾਪਤ ਸਕੀਮਾਂ ਲਈ ਫੰਡਾਂ ਨੂੰ ਸਮੇਂ ਸਿਰ ਜਾਰੀ ਕਰਨ ਦੀ ਸਹੂਲਤ ਦਿੰਦੀ ਏ,

ਪ੍ਰਾਪਤ ਕਰਕੇ ਇੱਕ ਵੱਡਾ ਮੀਲ ਪੱਥਰ ਵੀ ਹਾਸਿਲ ਕੀਤਾ ਏ.

---------------------------------------------------------

ਪੰਜਾਬ ਸਰਕਾਰ ਨੇ ਉਨ੍ਹਾਂ ਬੁਢਾਪਾ ਪੈਨਸ਼ਨਰਾਂ ਦੇ ਖਾਤਿਆਂ ਵਿੱਚੋਂ 170 ਕਰੋੜ ਰੁਪਏ ਦੀ ਰਿਕਵਰੀ ਕੀਤੀ ਏ ਜੋ ਜਾਂ ਤਾਂ ਜਾਅਲੀ ਸਨ ਜਾਂ ਮ੍ਰਿਤਕ ਸਨ। ਇਸ ਬਾਰੇ ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਖੁਲਾਸਾ ਕੀਤਾ- ਉਨ੍ਹਾਂ ਕਿਹਾ ਕਿ ਮਾਨਸਾ ਅਤੇ ਤਪਾ ਵਿੱਚ ਉਨ੍ਹਾਂ ਬਜ਼ੁਰਗਾਂ ਲਈ ਦੋ ਬਿਰਧ ਆਸ਼ਰਮ ਵੀ ਖੋਲ੍ਹੇ ਗਏ ਨੇ ਜੋ ਜਾਂ ਤਾਂ ਬੇਘਰ ਨੇ ਜਾਂ ਆਪਣੇ ਬੱਚਿਆਂ ਨਾਲ ਨਹੀਂ ਰਹਿ ਰਹੇ ਨੇ. 'ਸਾਡੇ ਬੁਜ਼ੁਰਗ-ਸਾਡਾ ਮਾਣ' ਯੋਜਨਾ ਤਹਿਤ ਵੀਹ ਹਜ਼ਾਰ ਬਜ਼ੁਰਗਾਂ ਨੂੰ ਕਾਨੂੰਨੀ ਮਦਦ ਅਤੇ ਹੋਰ ਜ਼ਰੂਰਤਾਂ

ਪ੍ਰਦਾਨ ਕਰਕੇ ਲਾਭ ਪਹੁੰਚਾਇਆ ਗਿਆ ਏ। ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਹਮਾਇਤ ਵਾਲੀ 'ਮਾਤ੍ਰ ਵੰਦਨਾ ਯੋਜਨਾ' ਤਹਿਤ, ਸੂਬਾ ਸਰਕਾਰ ਨੇ ਕੇਂਦਰ ਵਲੋਂ ਦਿੱਤੇ ਟੀਚੇ ਮੁਤਾਬਿਕ ਲਗਭਗ ਦੁੱਗਣੀ ਗਿਣਤੀ ਵਿੱਚ ਔਰਤਾਂ ਨੂੰ ਲਾਭ ਪਹੁੰਚਾਇਆ ਏ। ਉਨ੍ਹਾਂ ਕਿਹਾ ਕਿ ਪਿਛਲੇ 4 ਸਾਲਾਂ ਵਿੱਚ, ਸੂਬੇ ਵਿੱਚ ਕਈ ਬਾਲ ਵਿਆਹਾਂ ਨੂੰ ਰੋਕਿਆ ਗਿਆ ਏ –

ਉਨ੍ਹਾਂ ਇਹ ਵੀ ਕਿਹਾ ਕਿ 'ਮਿਸ਼ਨ ਜੀਵਨ ਜੋਤ' ਤਹਿਤ, ਬਹੁਤ ਸਾਰੇ ਬੱਚਿਆਂ ਨੂੰ ਭੀਖ ਮੰਗਣ ਤੋਂ ਬਚਾਇਆ ਗਿਆ ਏ ਅਤੇ ਹੁਣ ਉਨ੍ਹਾਂ ਨੂੰ ਸਕੂਲਾਂ ਵਿੱਚ ਦਾਖਲ ਕਰਵਾਇਆ ਜਾ ਰਿਹਾ ਏ। ਓਹਨਾਂ ਖੁਲਾਸਾ ਕੀਤਾ ਕਿ ਰਾਜ ਸਰਕਾਰ ਨੇ ਬਚਾਏ ਗਏ ਬੱਚਿਆਂ ਦਾ DNA ਟੈਸਟ ਜ਼ਰੂਰੀ ਕਰ ਦਿੱਤਾ ਏ ਤਾਂ ਜੋ ਇਹ ਪਤਾ ਲਾਇਆ ਜਾ ਸਕੇ ਕਿ ਕੀ ਉਨ੍ਹਾਂ ਦੇ ਪਿੱਛੇ ਕੋਈ ਗਿਰੋਹ ਕੰਮ ਕਰ ਰਿਹਾ ਏ ਜਾਂ ਉਨ੍ਹਾਂ ਦੇ ਆਪਣੇ ਮਾਪੇ ਉਨ੍ਹਾਂ ਨੂੰ ਭੀਖ ਮੰਗਣ ਲਈ ਵਰਤ ਰਹੇ ਨੇ. ਓਹਨਾਂ ਕਿਹਾ ਕਿ ਰਾਜ ਭਰ ਦੇ ਆਂਗਨਵਾੜੀ ਕੇਂਦਰਾਂ ਨੂੰ ਵੀ ਅਪਗ੍ਰੇਡ ਕੀਤਾ ਜਾ ਰਿਹਾ ਏ ਅਤੇ ਬੱਚਿਆਂ ਦੇ ਸਿੱਖਣ ਲਈ ਉਨ੍ਹਾਂ ਵਿੱਚੋਂ ਕੁਝ ਵਿੱਚ ਪਲੇਵੇਅ ਸਕੂਲ ਵੀ ਸ਼ੁਰੂ ਕੀਤੇ ਗਏ ਨੇ. <><>

--------------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਜਮਾਂਦਰੂ ਸੁਣਨ ਤੇ ਬੋਲਣ ਤੋਂ ਅਸਮਰੱਥ ਬੱਚਿਆਂ ਦੇ ਮਾਪਿਆਂ ਨੂੰ ਅਜਿਹੇ ਬੱਚਿਆਂ ਦੇ ਮੁਫ਼ਤ ਇਲਾਜ ਲਈ ਫ਼ੌਰੀ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ 'ਚ ਆਉਣ ਦਾ ਸੱਦਾ ਦਿੱਤਾ ਏ । ਸਿਹਤ ਮੰਤਰੀ ਪਟਿਆਲਾ ‘ਚ ਰਾਜਿੰਦਰਾ ਹਸਪਤਾਲ ਵਿਖੇ ਪਹਿਲੀ ਸਫ਼ਲ ਕੋ-ਕਲੀਅਰ ਇੰਪਲਾਂਟ ਸਰਜਰੀ ਦੀ ਲਾਭਪਾਤਰੀ 4 ਸਾਲਾ ਬੱਚੀ ਅਤੇ ਉਸ ਦੇ ਮਾਪਿਆਂ ਨਾਲ ਮੁਲਾਕਾਤ ਕਰਨ ਪੁੱਜੇ . ਸਿਹਤ ਮੰਤਰੀ ਨੇ ਕਿਹਾ ਕਿ ਰਜਿੰਦਰਾ ਹਸਪਤਾਲ 'ਚ ਮਾਹਿਰ ਡਾਕਟਰ ਮੌਜੂਦ ਨੇ ਤੇ ਹੁਣ ਵੈਂਟੀਲੇਟਰ ਜਾਂ ਤਕਨੀਕੀ ਸਾਧਨਾਂ ਦੀ ਘਾਟ ਕਰਕੇ ਕਿਸੇ ਮਰੀਜ਼ ਨੂੰ ਕਿਸੇ ਪ੍ਰਾਈਵੇਟ ਹਸਪਤਾਲ ਜਾਂ ਪੀ.ਜੀ.ਆਈ. ਨਹੀਂ ਜਾਣਾ ਪਵੇਗਾ। ਸਮਾਣਾ ਨੇੜਲੇ ਪਿੰਡ ਕੁਲਾਰਾਂ ਤੋਂ ਆਈ ਬੱਚੀ ਗੁਨੀਤ ਕੌਰ ਦੇ ਮਾਪਿਆਂ ਪਰਮਜੀਤ ਕੌਰ ਤੇ ਜਸਵੀਰ ਦਾਸ ਨੇ ਪੰਜਾਬ ਸਰਕਾਰ, ਮੁੱਖ ਮੰਤਰੀ ਤੇ ਸਿਹਤ ਮੰਤਰੀ ਸਮੇਤ ਰਾਜਿੰਦਰਾ ਹਸਪਤਾਲ ਦੇ ਈ.ਐਨ.ਟੀ. ਵਿਭਾਗ ਦੇ ਡਾਕਟਰਾਂ ਦਾ ਧੰਨਵਾਦ ਕੀਤਾ ਏ. ਮੰਤਰੀ ਨੇ ਦੱਸਿਆ ਕਿ ਜਿਗਰ ਤੇ ਗੁਰਦਾ ਟਰਾਂਸਪਲਾਂਟ ਸਮੇਤ ਦਿਲ, ਦਿਮਾਗ ਅਤੇ ਰੀਡ ਦੀ ਹੱਡੀ ਦੇ ਉਪਰੇਸ਼ਨ ਵੀ ਸਰਕਾਰੀ ਹਸਪਤਾਲਾਂ 'ਚ ਕੀਤੇ ਜਾ ਰਹੇ ਨੇ. ਡਾ. ਬਲਬੀਰ ਸਿੰਘ ਨੇ

ਕਿਹਾ ਪੰਜਾਬ ਸਰਕਾਰ ਦਾ ਮੁੱਖ ਮਕਸਦ ਏ ਕਿ ਸੂਬੇ ਦੇ 3 ਕਰੋੜ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮਿਲਣ ਅਤੇ ਸਾਡੇ ਸਰਕਾਰੀ ਹਸਪਤਾਲ ਕਿਸੇ ਪ੍ਰਾਈਵੇਟ ਹਸਪਤਾਲ ਤੋਂ ਘੱਟ ਨਾ ਰਹਿਣ।

---------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਬੀਤੇ ਦਿਨੀਂ ਜਲੰਧਰ ਦੇ ਮੁਹੱਲਾ ਸੰਤੋਖਪੁਰਾ ਵਿੱਚ ਇੱਕ ਸਰਕਾਰੀ ਵੈਟਰਨਰੀ ਡਾਕਟਰ ਦੇ ਘਰ ਦੇ ਬਾਹਰ ਗੋਲੀਆਂ ਚਲਾਉਣ ਦੇ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਏ ।
ਪੁਲਿਸ ਕਮਿਸ਼ਨਰ ਜਲੰਧਰ ਧਨਪ੍ਰੀਤ ਕੌਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਿਸ ਟੀਮਾਂ ਦਾ ਗਠਨ ਕਰਕੇ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ।

---------------------------------------------------------

- ਵਿਦੇਸ਼ ਮੰਤਰਾਲੇ ਦਾ ਕਹਿਣਾ ਏ ਕਿ ਖਾੜੀ ਖੇਤਰ ਵਿੱਚ ਰਹਿੰਦੇ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਅਤੇ ਸਲਾਮਤੀ ਸਭ ਤੋਂ ਵੱਡੀ ਤਰਜੀਹ ਏ.

- ਈਰਾਨ ਵਿੱਚ ਭਾਰਤੀ ਦੂਤਘਰ ਨੇ ਤਹਿਰਾਨ ਵਿੱਚ ਰਹਿੰਦੇ ਜ਼ਿਆਦਾਤਰ ਭਾਰਤੀ ਵਿਦਿਆਰਥੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਤਬਦੀਲ ਕਰ ਦਿੱਤਾ ਏ।
- ਪੰਜਾਬ ਦਾ ਟੈਕਸ ਮਾਲੀਆ 57, ਹਜ਼ਾਰ 919 ਕਰੋੜ ਰੁਪਏ ਦੇ ਪ੍ਰਭਾਵਸ਼ਾਲੀ ਵਾਧੇ ਨਾਲ 2024-25 ਵਿੱਚ ਕੁੱਲ ਰਾਜ ਘਰੇਲੂ ਉਤਪਾਦ ਦਾ 7.15 ਫੀਸਦੀ ਹੋਇਆ.
- ਪੰਜਾਬ ਸਰਕਾਰ ਨੇ ਜਾਅਲੀ ਜਾਂ ਮ੍ਰਿਤਕ ਬੁਢਾਪਾ ਪੈਨਸ਼ਨਰਾਂ ਦੇ ਖਾਤਿਆਂ ਵਿੱਚੋਂ 170 ਕਰੋੜ ਰੁਪਏ ਦੀ ਰਿਕਵਰੀ ਕੀਤੀ.
- ਪੰਜਾਬ ਦੇ ਸਿਹਤ ਮੰਤਰੀ ਦਾ ਕਹਿਣਾ ਏ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹਇਆ ਕਰਾਉਣ ਲਈ ਵਚਨਬਧ.

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ**

**ਨਮਸ੍ਕਾਰ**